# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :09-01-2026**

ਉਪ ਰਾਸ਼ਟਰਪਤੀ, ਸੀ.ਪੀ. ਰਾਧਾਕ੍ਰਿਸ਼ਨਨ ਅੱਜ ਪੰਜਾਬ ਦੇ ਦੌਰੇ 'ਤੇ ਆ ਰਹੇ ਨੇ । ਉਹ ਜਲੰਧਰ ਨੇੜੇ ਫਗਵਾੜਾ ਵਿਖੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ -LPU ਕੈਂਪਸ ਦੇ 12ਵੇਂ ਕਨਵੋਕੇਸ਼ਨ ਸਮਾਰੋਹ ਵਿੱਚ ਪਾਸ ਹੋਣ ਵਾਲੇ ਵਿਦਿਆਰਥੀਆਂ ਨੂੰ ਡਿਗਰੀਆਂ ਸੌਂਪਣਗੇ। ਹੋਰ ਪਤਵੰਤਿਆਂ ਵਿੱਚ ਬਰਤਾਨੀਆ ਦੀ ਸਾਬਕਾ ਪ੍ਰਧਾਨ ਮੰਤਰੀ ਮੈਰੀ ਐਲਿਜ਼ਾਬੈਥ ਟਰਸ ਅਤੇ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਸ਼ਾਮਲ ਨੇ ।

---------------------------------------------------------------------------------

ਉਪ ਰਾਸ਼ਟਰਪਤੀ ਦੇ ਦੌਰੇ ਦੇ ਮੱਦੇਨਜ਼ਰ, ਜਲੰਧਰ ਦੇ ਵਧੀਕ ਜ਼ਿਲ੍ਹਾ ਮੈਜਿਸਟਰੇਟ ਅਮਨਿੰਦਰ ਕੌਰ ਨੇ ਜ਼ਿਲ੍ਹਾ ਜਲੰਧਰ ਵਿਖੇ “ਨੋ ਫਲਾਇੰਗ ਜ਼ੋਨ” ਐਲਾਨਿਆ ਏ ।

ਵਧੀਕ ਜ਼ਿਲ੍ਹਾ ਮੈਜਿਸਟਰੇਟ ਨੇ ਜ਼ਿਲ੍ਹਾ ਦੀ ਹਦੂਦ ਅੰਦਰ ਕਿਸੇ ਕਿਸਮ ਦਾ ਸਿਵਲ ਰਿਮੋਟ, ਪਾਇਲਟ ਏਅਰ ਕਰਾਫ਼ਟ ਸਿਸਟਮ, ਡਰੋਨ,

ਹੈਲੀਕਾਪਟਰ ਉਡਾਉਣ ’ਤੇ ਪਾਬੰਦੀ ਲਗਾ ਦਿੱਤੀ ਏ। ਇਹ ਹੁਕਮ ਅੱਜ ਸ਼ਾਮ ਸਾਢੇ 6 ਵਜੇ ਤੱਕ ਲਾਗੂ ਰਹੇਗਾ।

--------------------------------------------------------------------------------

ਕੇਂਦਰੀ ਜਾਂਚ ਬਿਊਰੋ-CBI ਨੇ ਇੱਕ ਟੈਲੀਕਾਮ ਸੇਵਾ ਪ੍ਰਦਾਤਾ TSP ਦੇ ਇੱਕ ਏਰੀਆ ਸੇਲਜ਼ ਮੈਨੇਜਰ ਨੂੰ ਗ੍ਰਿਫ਼ਤਾਰ ਕੀਤਾ ਏ ਜੋ ਰਾਸ਼ਟਰੀ ਰਾਜਧਾਨੀ ਖੇਤਰ ਅਤੇ ਕੇਂਦਰ ਸ਼ਾਸਤ ਪ੍ਰਦੇਸ਼, ਚੰਡੀਗੜ੍ਹ ਤੋਂ ਕੰਮ ਕਰਨ ਵਾਲੇ ਇੱਕ ਸੰਗਠਿਤ ਫਿਸ਼ਿੰਗ ਭਾਵ ਧੋਖਾਧੜੀ ਵਾਲੇ ਮੈਸੇਜ ਭੇਜਣ ਵਾਲੇ ਨੈੱਟਵਰਕ ਦਾ ਹਿੱਸਾ ਸੀ। ਮੁਲਜ਼ਮ ਨੇ ਦੂਰਸੰਚਾਰ ਵਿਭਾਗ ਦੇ ਨਿਯਮਾਂ ਦੀ ਉਲੰਘਣਾ ਕਰਦੇ ਹੋਏ ਲਗਭਗ 21 ਹਜ਼ਾਰ ਸਿਮ ਕਾਰਡ ਪ੍ਰਾਪਤ ਕੀਤੇ ਸਨ, ਜਿਸ ਵਿੱਚ ਸਾਈਬਰ ਅਪਰਾਧੀਆਂ ਵਲੋਂ ਫਿਸ਼ਿੰਗ ਸੁਨੇਹੇ ਭੇਜਣ ਲਈ ਵੱਡੀ ਗਿਣਤੀ ਵਿਚ SMS ਭੇਜਣ ਦੀ ਸਹੂਲਤ ਦਿੱਤੀ ਗਈ ਸੀ, ਜਿਸ ਵਿੱਚ ਵਿਦੇਸ਼ੀ ਦੇਸ਼ਾਂ ਵਿੱਚ ਬੈਠੇ ਲੋਕ ਵੀ ਸ਼ਾਮਲ ਨੇ। ਸੀ.ਬੀਆ.ਈ ਦੀ ਇਹ ਕਾਰਵਾਈ, ਰਾਸ਼ਟਰੀ ਏਜੇਂਸੀ ਵਲੋਂ ਸ਼ੁਰੂ ਕੀਤੇ ਗਏ ਆਪ੍ਰੇਸ਼ਨ ਚੱਕਰ-V ਦਾ ਹਿੱਸਾ ਏ। ਸੀ.ਬੀਆ.ਈ ਸੂਤਰਾਂ ਮੁਤਾਬਿਕ , ਇਹ ਮਾਮਲਾ ਪਿਛਲੇ ਸਾਲ ਦਸੰਬਰ ਮਹੀਨੇ ਦਾ ਏ , ਜਦੋਂ ਸੀਬੀਆਈ ਨੇ TSP ਦੇ ਇੱਕ ਚੈਨਲ ਸਾਥੀ ਸਮੇਤ ਤਿੰਨ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਨੈੱਟਵਰਕ ਦਾ ਪਰਦਾਫਾਸ਼ ਕੀਤਾ ਤੇ ਉਸਨੂ ਖਤਮ ਕੀਤਾ। ਉਹ

ਇਸ ਸਮੇਂ ਨਿਆਂਇਕ ਹਿਰਾਸਤ ਵਿੱਚ ਨੇ। TSP ਅਧਿਕਾਰੀ ਦੀ ਭੂਮਿਕਾ ਜਾਂਚ ਦੌਰਾਨ ਸਾਹਮਣੇ ਆਈ। ਉਹ ਏਰੀਆ ਸੇਲਜ਼ ਮੈਨੇਜਰ ਥੋਕ ਵਿੱਚ ਸਿਮ ਕਾਰਡ ਜਾਰੀ ਕਰਨ ਦੀ ਧੋਖਾਧੜੀ ਵਿੱਚ ਸਰਗਰਮੀ ਨਾਲ ਸ਼ਾਮਲ ਸੀ। ਉਸਨੇ ਫਰਜ਼ੀ ਵਿਅਕਤੀਆਂ ਦਾ ਪ੍ਰਬੰਧ ਕੀਤਾ, ਉਨ੍ਹਾਂ ਨੂੰ ਮਿਸ ਲਾਰਡ ਮਹਾਵੀਰ ਸਰਵਿਸਿਜ਼ ਇੰਡੀਆ ਪ੍ਰਾਈਵੇਟ ਲਿਮਟਿਡ ਦੇ ਕਰਮਚਾਰੀ ਵਜੋਂ ਪੇਸ਼ ਕੀਤਾ ਅਤੇ ਕੇ.ਵਾਈ.ਸੀ ਦਾ ਕੰਮ ਪੂਰਾ ਕਰਨ ਲਈ ਉਨ੍ਹਾਂ ਦੇ ਦਸਤਾਵੇਜ਼ ਜਮ੍ਹਾਂ ਕਰਵਾਏ। ਸੂਤਰਾਂ ਨੇ ਖੁਲਾਸਾ ਕੀਤਾ ਕਿ ਬੰਗਲੁਰੂ ਵਿੱਚ ਰਹਿਣ ਵਾਲੇ ਇੱਕ ਪਰਿਵਾਰ ਦੇ ਮੈਂਬਰ ਉਨ੍ਹਾਂ ਲੋਕਾਂ ਵਿੱਚ ਸ਼ਾਮਲ ਸਨ ਜਿਨ੍ਹਾਂ ਨੂੰ ਅਧਿਕਾਰੀ ਵਲੋਂ ਪ੍ਰਬੰਧ ਕੀਤਾ ਗਿਆ ਸੀ ਅਤੇ ਦੋਸ਼ੀ ਕੰਪਨੀ ਦੇ ਕਰਮਚਾਰੀ ਵਜੋਂ ਦਿਖਾਇਆ ਗਿਆ ਸੀ। ਇਸ ਅਧਿਕਾਰੀ ਦੇ ਕਬਜ਼ੇ ਵਿੱਚੋਂ ਇਨ੍ਹਾਂ ਵਿਅਕਤੀਆਂ ਦੇ ਆਧਾਰ ਕਾਰਡਾਂ ਦੀਆਂ ਕਾਪੀਆਂ ਬਰਾਮਦ ਕੀਤੀਆਂ ਗਈਆਂ ਹਨ। ਫਿਸ਼ਿੰਗ ਜ਼ਿਆਦਾਤਰ ਭੋਲੇ ਲੋਕਾਂ ਨੂੰ ਸਾਈਬਰ ਧੋਖਾਧੜੀਆਂ ਵਿੱਚ ਫਸਾਉਣ ਦਾ ਇਕ ਤਰੀਕਾ ਏ।

---------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਪ੍ਰਵਾਸੀ ਭਾਰਤੀ ਦਿਵਸ ਦੇ ਮੌਕੇ 'ਤੇ ਵਧਾਈ ਦਿੱਤੀ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ

ਕਿਹਾ ਕਿ ਭਾਰਤੀ ਪ੍ਰਵਾਸੀ, ਭਾਰਤ ਅਤੇ ਦੁਨੀਆ ਵਿਚਕਾਰ ਇੱਕ ਮਜ਼ਬੂਤ ਕੜੀ ਏ। ਉਨ੍ਹਾਂ ਕਿਹਾ ਕਿ ਵਿਦੇਸ਼ਾਂ ਵਿੱਚ ਰਹਿਣ ਵਾਲੇ ਭਾਰਤੀ ਜਿੱਥੇ ਵੀ ਗਏ , ਉਨ੍ਹਾਂ ਨੇ ਦੇਸ਼ ਨਾਲ ਜੁੜੇ ਰਹਿ ਕੇ ਸਮਾਜਾਂ ਨੂੰ ਅਮੀਰ ਬਣਾਇਆ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤੀ ਪ੍ਰਵਾਸੀ ਸਾਡਾ ਰਾਜਦੂਤ ਏ ਕਿਉਂਕਿ ਇਸਨੇ ਵਿਸ਼ਵ ਪੱਧਰ 'ਤੇ ਭਾਰਤੀ ਸੱਭਿਆਚਾਰ ਨੂੰ ਪ੍ਰਸਿੱਧ ਬਣਾਇਆ ਏ। ਸ਼੍ਰੀ ਮੋਦੀ ਨੇ ਕਿਹਾ ਕਿ ਸਰਕਾਰ ਨੇ ਦੇਸ਼ ਦੇ ਭਾਰਤੀ ਪ੍ਰਵਾਸੀ ਨੂੰ ਭਾਰਤ ਦੇ ਨੇੜੇ ਲਿਆਉਣ ਲਈ ਕਈ ਕਦਮ ਚੁੱਕੇ ਨੇ ।

---------------------------------------------------------------------------------

ਪੰਜਾਬ ਰਾਜ ਖੁਰਾਕ ਕਮਿਸ਼ਨ ਦੀ ਨਵੀਂ ਸਥਾਪਿਤ ਲਾਇਬ੍ਰੇਰੀ ਦਾ ਉਦਘਾਟਨ ਚੰਡੀਗੜ੍ਹ ਸਥਿਤ ਮਹਾਤਮਾ ਗਾਂਧੀ ਰਾਜ ਲੋਕ ਪ੍ਰਸ਼ਾਸਨ ਸੰਸਥਾ ਦੇ ਮੁੱਖ ਦਫਤਰ ਵਿਖੇ ਕੀਤਾ ਗਿਆ। ਲਾਇਬ੍ਰੇਰੀ ਦਾ ਉਦਘਾਟਨ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਅਤੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਸਾਂਝੇ ਤੌਰ 'ਤੇ ਕੀਤਾ। ਕੁਲਤਾਰ ਸਿੰਘ ਸੰਧਵਾਂ ਨੇ ਇਸ ਪਹਿਲਕਦਮੀ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਅਜਿਹੀਆਂ ਲਾਇਬ੍ਰੇਰੀਆਂ ਸੰਵਿਧਾਨਕ ਸੰਸਥਾਵਾਂ ਨੂੰ ਬੌਧਿਕ ਤੌਰ 'ਤੇ ਮਜ਼ਬੂਤ ਕਰਦੀਆਂ ਨੇ ਅਤੇ ਜਨਤਕ

ਹਿੱਤਾਂ ਨਾਲ ਸਬੰਧਤ ਮਾਮਲਿਆਂ ਵਿੱਚ ਸਹੀ ਦਿਸ਼ਾ ਪ੍ਰਦਾਨ ਕਰਦੀਆਂ ਨੇ। ਖੇਤੀਬਾੜੀ ਮੰਤਰੀ ਨੇ ਕਿਹਾ ਕਿ ਕਮਿਸ਼ਨ ਦੀ ਇਹ ਪਹਿਲ ਖੁਰਾਕ ਸੁਰੱਖਿਆ, ਕਿਸਾਨਾਂ ਦੀ ਭਲਾਈ ਅਤੇ ਗਰੀਬਾਂ ਦੀ ਭਲਾਈ ਲਈ ਬਹੁਤ ਲਾਭਦਾਇਕ ਸਾਬਤ ਹੋਵੇਗੀ। ਇਸ ਮੌਕੇ 'ਤੇ, ਕਮਿਸ਼ਨ ਦੇ ਚੇਅਰਮੈਨ ਬਾਲ ਮੁਕੁੰਦ ਸ਼ਰਮਾ ਨੇ ਦੱਸਿਆ ਕਿ ਪੰਜਾਬ ਰਾਜ ਖੁਰਾਕ ਕਮਿਸ਼ਨ, ਦੇਸ਼ ਵਿੱਚ ਪਹਿਲਾ ਰਾਜ ਖੁਰਾਕ ਕਮਿਸ਼ਨ ਸੰਸਥਾ ਬਣ ਗਿਆ ਏ ਜਿਸਨੇ ਰਸਮੀ ਤੌਰ 'ਤੇ ਲਾਇਬ੍ਰੇਰੀ ਸਥਾਪਤ ਕੀਤੀ ਏ। ਉਨ੍ਹਾਂ ਕਿਹਾ ਕਿ ਇਹ ਪ੍ਰਾਪਤੀ ਪੂਰੇ ਦੇਸ਼ ਲਈ ਮਾਣ ਵਾਲੀ ਗੱਲ ਏ ਅਤੇ ਦੂਜੇ ਰਾਜਾਂ ਲਈ ਪ੍ਰੇਰਨਾ ਦਾ ਕੰਮ ਕਰੇਗੀ। ਇਸ ਮੌਕੇ ਕਮਿਸ਼ਨ ਦੇ ਮੈਂਬਰ - ਵਿਜੇ ਦੱਤ ਨੇ ਕਿਹਾ ਕਿ ਲਾਇਬ੍ਰੇਰੀ, ਰਾਸ਼ਟਰੀ ਖੁਰਾਕ ਸੁਰੱਖਿਆ ਐਕਟ, ਸੰਵਿਧਾਨਕ ਉਪਬੰਧਾਂ, ਨਿਆਂਇਕ ਫੈਸਲਿਆਂ, ਖੇਤੀਬਾੜੀ, ਪੋਸ਼ਣ ਅਤੇ ਲੋਕ ਭਲਾਈ ਯੋਜਨਾਵਾਂ ਨਾਲ ਸਬੰਧਤ ਕਿਤਾਬਾਂ ਅਤੇ ਖੋਜ ਸਮੱਗਰੀ ਨਾਲ ਲੈਸ ਏ। ਇਹ ਕਦਮ ਖੁਰਾਕ ਕਮਿਸ਼ਨ ਦੇ ਕੰਮਕਾਜ ਵਿੱਚ ਪਾਰਦਰਸ਼ਿਤਾ, ਗੁਣਵੱਤਾ ਅਤੇ ਇੱਕ ਨਿਰਪੱਖ ਫੈਸਲਾ ਲੈਣ ਦੀ ਪ੍ਰਕਿਰਿਆ ਨੂੰ ਮਜ਼ਬੂਤ ਕਰੇਗਾ।

---------------------------------------------------------------------------

ਅੰਮ੍ਰਿਤਸਰ ਪੁਲਿਸ ਵੱਲੋਂ ਮੀਰਾ ਕੋਟ ਨਜ਼ਦੀਕ ਇਲਾਕੇ ਵਿੱਚ ਇੱਕ ਸ਼ੂਟਰ ਦਾ ਇਨਕਾਊਂਟਰ ਕੀਤਾ ਗਿਆ। ਇਸ ਦੌਰਾਨ ਪੁਲਿਸ ’ਤੇ ਗੋਲੀਬਾਰੀ ਕੀਤੀ, ਜਵਾਬੀ ਕਾਰਵਾਈ ਕਰਦਿਆਂ ਪੁਲਿਸ ਨੇ ਇੱਕ ਸ਼ੂਟਰ ਨੂੰ ਜ਼ਖ਼ਮੀ ਕਰ ਦਿੱਤਾ। ਇਨਕਾਊਂਟਰ ਦੀ ਜਾਣਕਾਰੀ ਮਿਲਦਿਆਂ ਹੀ ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਮੌਕੇ ’ਤੇ ਪਹੁੰਚੇ ਅਤੇ ਘਟਨਾ  ਦਾ ਜਾਇਜ਼ਾ ਲਿਆ। ਪੁਲਿਸ ਕਮਿਸ਼ਨਰ ਨੇ ਦੱਸਿਆ ਕਿ ਫ਼ਰਾਰ ਮੁਲਜ਼ਮਾਂ ਦੀ ਤਲਾਸ਼ ਦੌਰਾਨ ਪੁਲਿਸ ਨੇ ਮੀਰਾ ਕੋਟ ਇਲਾਕੇ ਵਿੱਚ ਦੋ ਮੋਟਰਸਾਈਕਲ ਸਵਾਰਾਂ ਨੂੰ ਰੋਕਣ ਦੀ ਕੋਸ਼ਿਸ਼ ਕੀਤੀ। ਇਸ ਦੌਰਾਨ ਮੁਲਜ਼ਮਾਂ ਨੇ ਪੁਲਿਸ ਪਾਰਟੀ ’ਤੇ ਫਾਇਰਿੰਗ ਕਰ ਦਿੱਤੀ, ਜਿਸ ਨਾਲ ਪੁਲਿਸ ਦੇ ਵਾਹਨ ਨੂੰ ਵੀ ਨੁਕਸਾਨ ਪਹੁੰਚਿਆ ।

BYTE

-----------------------------------------------------------------------------

ਮੌਸਮ ਵਿਭਾਗ ਨੇ ਅਗਲੇ ਦੋ ਤੋਂ ਤਿੰਨ ਦਿਨਾਂ ਤੱਕ ਪੰਜਾਬ, ਹਰਿਆਣਾ, ਚੰਡੀਗੜ੍ਹ, ਹਿਮਾਚਲ ਪ੍ਰਦੇਸ਼, ਜੰਮੂ-ਕਸ਼ਮੀਰ ਅਤੇ ਦਿੱਲੀ ਸਮੇਤ ਦੇਸ਼ ਦੇ ਉੱਤਰ-ਪੂਰਬੀ ਹਿੱਸਿਆਂ ਵਿੱਚ ਸੰਘਣੀ ਧੁੰਦ ਜਾਰੀ ਰਹਿਣ ਦੀ ਪੇਸ਼ੀਨਗੋਈ ਕੀਤੀ ਏ। ਵਿਭਾਗ ਨੇ ਇਹ ਵੀ ਦੱਸਿਆ ਏ ਕਿ ਪੰਜਾਬ,

ਹਰਿਆਣਾ, ਚੰਡੀਗੜ੍ਹ, ਹਿਮਾਚਲ ਪ੍ਰਦੇਸ਼, ਰਾਜਸਥਾਨ ਤੇ ਦਿੱਲੀ ਵਿੱਚ ਸੀਤ ਲਹਿਰ ਵਰਗੀ ਸਥਿਤੀ ਬਣੀ ਰਹੇਗੀ।

---------------------------------------------------------------------------